**ਇਸ਼ਤਿਹਾਰ ਨੰ:**
**9 ਆਫ 2022**

## ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

**ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।**

https://sssb.punjab.gov.in

## ਜਨਤਕ ਨਿਯੁਕਤੀਆਂ

**ਮਹੱਤਵਪੂਰਨ ਮਿਤੀਆਂ :-**

| | | |
|---|---|---|
| **ਅਖਬਾਰਾਂ ਵਿੱਚ ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ:** | - | **11.05.2022** |
| **ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ:** | - | **21.05.2021** |
| **ਆਨਲਾਈਨ ਅਪਲਾਈ/ਸਬਮਿਟ ਕਰਨ ਦੀ ਆਖਰੀ ਮਿਤੀ:** | - | **21.06.2022 (ਸ਼ਾਮ 5:00 ਵਜੇ ਤੱਕ)** |
| **ਫੀਸ ਭਰਨ ਦੀ ਆਖਰੀ ਮਿਤੀ:** | - | **24.06.2022** |

### ਜਾਣ-ਪਹਿਚਾਣ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗੁਰੱਪ-ਸੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

**2. ਵਿਸਤਾਰਪੂਰਵਕ ਸੂਚਨਾ :-**

ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਤੋਂ ਪ੍ਰਾਪਤ ਹੋਏ ਗਰੁੱਪ-ਸੀ ਦੇ ਮੰਗ ਪੱਤਰਾਂ, ਅਸਾਮੀਆਂ ਦਾ ਵਰਗੀਕਰਨ ਅਨੁਸਾਰ **ਜੂਨੀਅਰ ਡਰਾਫਟਸਮੈਨ (ਸਿਵਲ ਅਤੇ ਬਿਜਲੀ/ਮਕੈਨੀਕਲ) ਦੀਆਂ ਅਸਾਮੀਆਂ** ਭਰਨ ਲਈ ਬੋਰਡ ਦੀ ਵੈਬਸਾਈਟ https://sssb.punjab.gov.in ਤੇ ਯੋਗ ਉਮੀਦਵਾਰਾਂ ਤੋਂ ਮਿਤੀ 21/05/2022 ਤੋਂ 21/06/2022 ਸ਼ਾਮ 05-00 ਵਜੇ ਤੱਕ ਕੇਵਲ ਆਨਲਾਈਨ ਮੋਡ ਰਾਹੀਂ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

**3. ਅਸਾਮੀਆਂ ਦਾ ਗਿਣਤੀ :-**

**ਜੂਨੀਅਰ ਡਰਾਫਟਸਮੈਨ (ਸਿਵਲ ਅਤੇ ਬਿਜਲੀ/ਮਕੈਨੀਕਲ) ਦੀਆਂ ਕੁੱਲ** 72 **ਖਾਲੀ ਅਸਾਮੀਆਂ ਦੀ ਗਿਣਤੀ ਹੇਠ ਲਿਖੇ ਅਨੁਸਾਰ ਹੈ** :-

**ਜੂਨੀਅਰ ਡਰਾਫਟਸਮੈਨ** (**ਸਿਵਲ**) - 46

**ਜੂਨੀਅਰ ਡਰਾਫਟਸਮੈਨ** (**ਬਿਜਲੀ**/**ਮਕੈਨੀਕਲ**) - 26

## 4. ਅਸਾਮੀਆਂ ਦਾ ਵਰਗੀਕਰਨ :-

| Sr. No | Name of Department | Post Name | Total number of post mention at Column No. E, F, G, H, I, J, K, L, M, N, O, P, Q, R, S, T and U | General | SC (M&B) | SC (R&O) | BC | ESM (General) | ESM (SC) | | ESM (BC) | Sports General | Sports SC | | PH (ortho) | PH (Visual Impaired) | PH (Hearing impaired) | PH (Intellectual) | Freedom Fighter | Economically Weaker Section (E.W.S.) | Total |
|---|---|---|---|---|---|---|---|---|---|---|---|---|---|---|---|---|---|---|---|---|---|
| | | | | | | | | | MB | RO | | | MB | RO | | | | | | | |
| A | B | C | D | E | F | G | H | I | J | K | L | M | N | O | P | Q | R | S | T | U | V |
| 1 | Department of Water Supply and Sanitation, Punjab | Junior Draftsman (Civil) | Total Post | 16 | 3 | 2 | 2 | 2 | 1 | - | - | - | - | - | - | 1 | 1 | - | - | 2 | 30 |
| | | | Number of Post reserved for women | 3 | 1 | 1 | 2 | 2 | - | - | - | - | - | - | - | - | 1 | - | - | 2 | |
| 2 | Department of Local Government | Junior Draftsman (Civil) | Total Post | 5 | 2 | 1 | 2 | 1 | 1 | - | - | - | 1 | - | - | - | 1 | - | 1 | 1 | 16 |
| | | | Backlog | - | 1 | - | - | - | - | - | - | - | 1 | - | - | - | - | - | 1 | - | |
| | | | Number of Post reserved for women | 2 | 1 | - | 1 | - | - | - | - | - | - | - | - | - | 1 | - | - | - | |
| 3 | Public Works Department (B&R), Punjab | Junior Draftsman (Electrical/ Mechanical) | Total Post | 8 | 4 | 3 | 3 | 3 | 1 | - | - | 1 | - | - | 1 | - | - | - | - | 2 | 26 |
| | | | Number of Post reserved for women | 3 | 2 | 1 | 1 | 2 | - | - | - | 1 | - | - | - | - | - | - | - | 1 | |
| Total | | | | | | | | | | | | | | | | | | | | | 72 |

**ਨੋਟ : -** ਉਪਰੋਕਤ ਅਸਾਮੀਆਂ ਦਾ ਸ਼੍ਰੇਣੀ-ਵਾਈਜ ਵਰਗੀਕਰਨ ਸਬੰਧਤ ਵਿਭਾਗ ਵੱਲੋਂ ਪ੍ਰਾਪਤ ਮੰਗ ਪੱਤਰਾਂ ਦੇ ਅਧਾਰ ਤੇ ਦਰਸਾਇਆ ਗਿਆ ਹੈ। ਜੇਕਰ ਭਵਿੱਖ ਵਿੱਚ ਕੋਈ ਵੀ ਵਿਭਾਗ/ਸਮੂਹ ਵਿਭਾਗ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ/ਵਧਾਉਣ (ਸਮੇਤ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਤਬਦੀਲੀ/ਸੋਧ) ਜਾਂ ਅਸਾਮੀਆਂ ਦੀ ਮੰਗ ਮੁਕੰਮਲ ਰੂਪ ਵਿੱਚ ਵਾਪਿਸ ਲੈਣ ਦਾ ਫੈਸਲਾ ਲੈਂਦਾ ਹੈ/ਲੈਂਦੇ ਹਨ ਜਾਂ ਜੇਕਰ ਕਿਸੇ ਹੋਰ ਵਿਭਾਗ ਤੋਂ ਜੂਨੀਅਰ ਡਰਾਫਟਸਮੈਨ ਦੀ ਭਰਤੀ ਲਈ ਮੰਗ ਪੱਤਰ ਪ੍ਰਾਪਤ ਹੁੰਦਾ ਹੈ ਤਾਂ ਬੋਰਡ ਨੂੰ ਉਸ ਅਨੁਸਾਰ ਸੋਧ ਕਰਨ/ਇਸ਼ਤਿਹਾਰ ਵਾਪਸ ਲੈਣ ਦਾ ਅਧੀਕਾਰ ਹੋਵੇਗਾ। ਇਹ ਫੈਸਲਾ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗਾ।

**5. ਤਨਖਾਹ ਸਕੇਲ ਅਤੇ ਭੱਤੇ:-**

(i) ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ: 7/87/2020-5FP1/1145 ਮਿਤੀ 29/10/2020 ਅਤੇ ਵਿੱਤ ਵਿਭਾਗ ਦੇ ਪੱਤਰ ਨੰ: 7/42/2020-5FP1/741-746 ਮਿਤੀ 17/07/2020 ਮੁਤਾਬਿਕ 25500 (Level 4) ਤਨਖਾਹ ਸਕੇਲ/ਪੇਅ ਮੈਟ੍ਰਿਕਸ ਦਿੱਤੀ ਜਾਵੇਗੀ।

(ii) ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ: 7/204/2012-4FP1/66-72, ਮਿਤੀ 15/01/2015, ਪੱਤਰ ਨੰ: 07/204/2015-4FP1/853793 ਮਿਤੀ 04/10/2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

(iii) ਇਨ੍ਹਾਂ ਅਸਾਮੀਆਂ ਲਈ ਸਕੇਤ ਅਤੇ ਹਰ ਤਰ੍ਹਾਂ ਦੇ ਭੱਤਿਆਂ ਬਾਰੇ ਅੰਤਿਮ ਫੈਸਲਾ ਅਤੇ ਨਿਰਧਾਰਣ ਸਬੰਧਤ ਵਿਭਾਗ ਵੱਲੋਂ ਕੀਤਾ ਜਾਵੇਗਾ। ਜਿਸ ਦਾ overriding effect ਲੜੀ ਨੰ. 1 ਤੇ ਦਰਸਾਏ ਸਕੇਲ ਅਨੁਸਾਰ ਹੋਵੇਗਾ।

**6. ਵਿੱਦਿਅਕ ਯੋਗਤਾ/ ਤਕਨਕੀ ਯੋਗਤਾ : -**

| ਲੜੀ ਨੰ. | ਵਿਭਾਗ ਦਾ ਨਾਮ | ਅਸਾਮੀ ਦਾ ਨਾਮ | ਵਿੱਦਿਅਕ ਯੋਗਤਾ/ ਤਕਨੀਕੀ ਯੋਗਤਾ |
|---|---|---|---|
| 1. | Department of Water Supply and Sanitation, Punjab | Junior Draftsman (Civil) | The posts of direct appointment shall be filled up from amongst those candidates who are Matriculates with Two year National Trade Certificate in Draftsman (Civil) from Industrial Training Institute as prescribed by Ministry of Skill Development & Entrepreneurship, Government of India or Government of Punjab.<br>or<br>Three year diploma in Civil Engineering or its higher qualification from a University or Institution recognized by UGC or AICTE or MHRD |
| 2. | Department of Local Government | Junior Draftsman (Civil) | Matriculation with two years Industrial Training Institute Certificate of Draftsman (Civil) from State Board of Technical Education or from other recognized Institution by the Punjab Government.<br>OR<br>Higher qualification in the relevant discipline. |
| 3. | Public Works Department (B&R), Punjab | Junior Draftsman (Electrical/ Mechanical) | Should possess National Trade Certificate from a recognized Industrial Training Institute or National Apprenticeship Certificate in Draftsman (Mechanical) issued by the Ministry of Skill Development and Entrepreneurship Government of India.<br>Or<br>Should possess Diploma or Degree in Electrical or Mechnical Engineering or Higher qualification in the same discipline |

**ਨੋਟ** : (i) ਉਪਰੋਕਤ ਦਰਸਾਈਆਂ ਅਸਾਮੀਆਂ ਲਈ Punjab Civil Services (General and common condition of service) rules, 1994 ਦੇ ਤਹਿਤ ਦਸਵੀਂ ਪੱਧਰ ਦੀ ਪੰਜਾਬੀ ਜਾਂ ਇਸ ਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਈ ਲਾਜ਼ਮੀ ਹੈ।

(ii) (a) **ਤਕਨੀਕੀ**/ਵਿੱਦਿਅਕ ਯੋਗਤਾ ਸਬੰਧੀ ਸਰਟੀਫਿਕੇਟ Ministry of Skill Development & Entrepreneuship, Government of India /**ਪੰਜਾਬ ਸਰਕਾਰ** ਦੁਆਰਾ ਮਾਨਤਾ ਪ੍ਰਾਪਤ ਆਈ.ਟੀ.ਆਈ. **ਵੱਲੋਂ** ਸਮੇਂ-ਸਮੇਂ ਤੇ ਜਾਰੀ guidelines/Instructions ਅਨੁਸਾਰ ਹੋਣਾ ਲਾਜ਼ਮੀ ਹੈ।

(b) higher qualification in the same line (Diploma/Degree of Tecnology (Civil, Mechanical and Electrical) ਦੀ ਤਕਨੀਕੀ/ਵਿੱਦਿਅਕ ਯੋਗਤਾ University or Institution recognized by UGC or AICTE or MHRD **ਵੱਲੋਂ ਸਮੇਂ-**ਸਮੇਂ ਤੇ ਜਾਰੀ guidelines/Instructions ਅਨੁਸਾਰ ਹੋਣਾ ਲਾਜ਼ਮੀ ਹੈ।

(vi) ਉਮੀਦਵਾਰ Online Application Form Submit ਕਰਨ ਦੀ ਆਖਰੀ ਮਿਤੀ ਤੋਂ ਪਹਿਲਾਂ ਹਰ ਪੱਖੋਂ ਲੋੜੀਂਦਾ ਟੈਕਨੀਕਲ / ਵਿੱਦਿਅਕ ਯੋਗਤਾ ਨਾਲ ਸਬੰਧਤ ਸਰਟੀਫਿਕੇਟ ਪੂਰੀ ਕਰਦਾ ਹੋਵੇ।

**7. ਸ਼੍ਰੇਣੀ ਕੋਡ (Category Code) :-**

ਇਨ੍ਹਾਂ ਅਸਾਮੀਆਂ ਦੇ ਸ਼੍ਰੇਣੀ ਕੋਡ ਹੇਠ ਲਿਖੇ ਅਨੁਸਾਰ ਹਨ। ਉਮੀਦਵਾਰਾਂ ਵੱਲੋਂ ਅਪਲਾਈ ਕਰਨ ਸਮੇਂ ਸ਼੍ਰੇਣੀ ਕੋਡ ਅਸਾਮੀਆਂ ਦਾ ਵਰਗੀਕਰਨ ਨੂੰ ਧਿਆਨ ਵਿੱਚ ਰੱਖਦੇ ਹੋਏ ਅਪਲਾਈ ਕੀਤਾ ਜਾਵੇ।

| Sr. No. | Category | ਸ਼੍ਰੇਣੀ | Code |
|---|---|---|---|
| 1. | General | ਆਮ ਵਰਗ | 101 |
| 2. | Economically weaker section (General) | ਆਰਥਿਕ ਤੌਰ ਤੇ ਕਮਜ਼ੋਰ ਵਰਗ (ਆਮ) | 102 |
| 3. | S.C. (Mazbhi & Balmiki) | ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ) | 103 |
| 4. | S.C. (Ramdasia & Othrs) | ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ) | 104 |
| 5. | B.C. | ਪੱਛੜੀ ਸ਼੍ਰੇਣੀ | 105 |
| 6. | Ex-Serviceman General (Self) | ਸਾਬਕਾ ਫੌਜੀ-ਆਮ ਵਰਗ (ਖੁਦ) | 106 |
| 7. | Ex-Serviceman Gen. (Dependent) | ਸਾਬਕਾ ਫੌਜੀ-ਆਮ ਵਰਗ (ਆਸ਼ਰਿਤ) | 107 |
| 8. | Ex-Serviceman S.C. (Mazbhi & Balmiki) (Self) | ਸਾਬਕਾ ਫੌਜੀ - ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ) (ਖੁਦ) | 108 |
| 9. | Ex-Serviceman S.C. (Mazbhi & Balmiki) (Dependent) | ਸਾਬਕਾ ਫੌਜੀ - ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ) (ਆਸ਼ਰਿਤ) | 109 |
| 10. | Ex-Serviceman S.C. (Ramdasia and others) (Self) | ਸਾਬਕਾ ਫੌਜੀ - ਅਨੁਸੂਚਿਤ ਜਾਤੀ (ਰਾਮਦਾਸੀਆ ਅਤੇ ਹੋਰ) (ਖੁਦ) | 110 |
| 11. | Ex-Serviceman S.C. (Ramdasia and others) (Dependent) | ਸਾਬਕਾ ਫੌਜੀ - ਅਨੁਸੂਚਿਤ ਜਾਤੀ (ਰਾਮਦਾਸੀਆ ਅਤੇ ਹੋਰ) (ਆਸ਼ਰਿਤ) | 111 |
| 12. | Sports Gen. | ਖਿਡਰੀ ਆਮ ਵਰਗ | 114 |
| 13. | Sports S.C. (Mazbhi & Balmiki) | ਖਿਡਾਰੀ ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ) | 115 |
| 14. | Sports S.C. (Ramdasia and others) | ਖਿਡਾਰੀ ਅਨੁਸੂਚਿਤ ਜਾਤੀ (ਰਾਮਦਾਸੀਆ ਅਤੇ ਹੋਰ) | 116 |
| 15. | Physical Handicapped (Ortho) | ਦਿਵਿਆਂਗਜਨ (ਆਰਥੋ) | 117 |
| 16. | Physical Handicapped (Visually Impired) | ਦਿਵਿਆਂਗਜਨ (ਨੇਤਰਹੀਣ/ਅੰਸ਼ਿਕ ਨੇਤਰਹੀਣ) | 118 |
| 17. | PHysical Handicapped (Hearing Impaired) | ਦਿਵਿਆਂਗਜਨ (ਗੂੰਗੇ ਤੇ ਬੋਲੇ) | 119 |
| 18. | Freedom Fighter | ਸੁਤੰਤਰਤਾ ਸੰਗਰਾਮੀ | 121 |

**8. ਤਰਜੀਹ (Preference) :-**

(I) ਜੂਨੀਅਰ ਡਰਾਫਟਸਮੈਨ (ਸਿਵਲ) ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰ ਵਿਭਾਗਾਂ ਦੀਆਂ ਅਸਾਮੀਆਂ ਦਾ ਕੈਟਾਗਰੀ ਵਾਈਜ਼ ਵਰਗੀਕਰਨ ਨੂੰ ਧਿਆਨ ਨਾਲ ਪੜ੍ਹ ਕੇ ਆਨ-ਲਾਈਨ ਫਾਰਮ ਅਪਲਾਈ ਕਰਦੇ ਸਮੇਂ ਵਿਭਾਗਾਂ ਦੀ ਤਰਜੀਹਾਂ 1 ਤੋਂ 2 ਤੱਕ ਦੇ ਸਕਦੇ ਹਨ। ਕਿਸੇ ਵੀ ਸਟੇਜ ਤੇ ਉਮੀਦਵਾਰਾਂ ਵੱਲੋਂ ਇਕ ਵਾਰ ਦਿੱਤੀ ਵਿਭਾਗਾਂ ਦੀ ਤਰਜੀਹ ਨੂੰ ਭਵਿੱਖ ਵਿੱਚ ਕਿਸੇ ਵੀ ਸੂਰਤ ਵਿੱਚ ਬਦਲਿਆ ਨਹੀਂ ਜਾਵੇਗਾ।

ਨੋਟ : **ਜੂਨੀਅਰ ਡਰਾਫਟਸਮੈਨ (ਬਿਜਲੀ / ਮਕੈਨੀਕਲ) ਵਿੱਚ ਇੱਕ ਵਿਭਾਗ ਹੋਣ ਕਰਕੇ ਇਨ੍ਹਾਂ ਅਸਾਮੀਆਂ ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰਾਂ ਲਈ ਵਿਭਾਗਾਂ ਦੀ ਤਰਜੀਹ ਨਹੀਂ ਹੈ।**

(II) ਜੂਨੀਅਰ ਡਰਾਫਟਸਮੈਨ (ਸਿਵਲ) ਵਿੱਚ ਅਪਲਾਈ ਕਰਨ ਵਾਲੇ ਉਮੀਦਵਾਰ ਆਨ-ਲਾਈਨ ਫਾਰਮ ਐਪਲੀਕੇਸ਼ਨ ਭਰਨ ਸਮੇਂ ਵਿਭਾਗਾਂ ਦੀ ਤਰਜੀਹਾਂ **(Preference) 1 ਅਤੇ 2 ਵਿੱਚ ਭਰਨਗੇ। ਵਿਭਾਗਾਂ ਦੇ ਨਾਮ ਹੇਠ ਅਨੁਸਾਰ ਹਨ :-**

| Sr. No. | Department Name |
|---|---|
| 1. | Department of Water Supply and Sanitation, Punjab |
| 2. | Department of Local Government |

(III) ਉਮੀਦਵਾਰ ਸਿਰਫ ਉਨ੍ਹਾਂ ਅਸਾਮੀਆਂ ਲਈ ਹੀ ਅਪਲਾਈ ਕਰਨ/ਤਰਜੀਹ ਦੇਣ ਜਿਨ੍ਹਾਂ ਅਸਾਮੀਆਂ ਲਈ ਉਹ ਯੋਗ ਹਨ।

(IV) ਉਮੀਦਵਾਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਪਰ ਸ਼੍ਰੇਣੀ (ਅਸਾਮੀਆਂ ਦੀ ਵਰਗੀਕਰਨ) ਵਿੱਚ ਦਰਜ ਅਸਾਮੀਆਂ ਦੀ ਕੈਟਾਗਰੀਵਾਈਜ਼ ਵੰਡ ਅਨੁਸਾਰ ਹੀ ਤਰਜੀਹ ਭਰੀ ਜਾਵੇ, ਤਰਜੀਹ ਸਬੰਧਤ ਕੈਟਾਗਰੀ ਵਿੱਚ ਅਸਾਮੀ ਦੀ ਉਪਲਬਧਤਾ ਅਨੁਸਾਰ ਹੀ ਵਿਚਾਰੀ ਜਾਵੇਗੀ।

(V) ਉਮੀਦਵਾਰ ਦਾ ਮੈਰਿਟ ਅਤੇ ਤਰਜੀਹ ਅਨੁਸਾਰ ਉਸ ਨੂੰ ਮਿਲੀ ਅਸਾਮੀ ਤੋਂ ਬਾਅਦ ਬਾਕੀ ਰਹਿੰਦੀਆਂ ਅਸਾਮੀਆਂ ਤੇ ਕੋਈ ਕਲੇਮ ਨਹੀਂ ਹੋਵੇਗਾ।

**9. ਉਮਰ ਸੀਮਾ :-**

ਉਪਰੋਕਤ ਅਸਾਮੀਆਂ ਲਈ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01-01-2022 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ :-

(I) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਅਤੇ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(II) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਦੀ ਉਪਰਲੀ ਸੀਮਾ 42 ਸਾਲ ਹੋਵੇਗੀ।

(III) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਮਰ ਦੀ ਉਪਰਲੀ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(IV) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of Ex-servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮ੍ਹਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(V) ਪੰਜਾਬ ਦੇ ਵਸਨੀਕ ਦਿਵਿਆਂਗ ਉਮੀਦਵਾਰਾਂ ਲਈ ਉਪਰਲੀ ਉਮਰ ਸੀਮਾ ਵਿੱਚ 10 ਸਾਲ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

(VI) The upper age limit for widows, divorcees and certain other categories of married women as per instructions issued by the Government of Punjab vide Letter No. 1/50/83-5PP(1368)/3454 Dated 23/04/1984 will be relaxed up to 40 years.

(VII) ਪੰਜਾਬ ਸਰਕਾਰ ਦੇ ਪੱਤਰ ਨੰ: 9/56/2020-5ਪੀ.ਪੀ.1/33 ਮਿਤੀ: 12/01/2021 ਰਾਹੀਂ ਪੰਜਾਬ ਸਰਕਾਰ ਅਧੀਨ ਠੇਕੇ ਦੇ ਅਧਾਰ ਤੇ ਕੰਮ ਕਰ ਰਹੇ ਵੱਖ-ਵੱਖ ਕੈਟਾਗਰੀਆਂ ਦੇ ਕਰਮਚਾਰੀਆਂ ਨੂੰ ਇਸ ਪੱਤਰ ਵਿੱਚ ਦਰਜ ਸ਼ਰਤਾਂ ਪੂਰੀਆਂ ਕਰਨ ਦੀ ਸੂਰਤ ਵਿੱਚ ਹੀ ਇਸ ਭਰਤੀ ਲਈ ਦਿੱਤੀ ਗਈ ਉਮਰ ਦੀ ਉਪਰਲੀ ਸੀਮਾ ਵਿੱਚ ਬਣਦੀ ਛੋਟ ਦਾ ਲਾਭ ਮਿਲੇਗਾ।

**ਨੋਟ :- ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ NOC ਲੈ ਕੇ ਕਾਉਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।**

**10. Reservation / ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ:-**

(I) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਸੁਚੇਤ ਹੋ ਕੇ ਭਰਨ ਕਿਉਂਕਿ ਕਿਸੀ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ -ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(II) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਰਾਜ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖਣ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਦੇ ਅਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(III) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਜਾਰੀ ਹੋਇਆ ਸਰਟੀਫਿਕੇਟ (Domicile Certificate) ਅਪਲੋਡ/ਪੇਸ਼ ਕਰੇਗਾ। ਇਹ ਸਰਟੀਫਿਕੇਟ ਅਪਲੋਡ/ਪੇਸ਼ ਕਰਨ ਸਮੇਂ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(IV) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਪੋਰਟਸ ਕੈਟਾਗਰੀ/ਸਾਬਕਾ ਫੌਜੀਆਂ ਦਾ ਸਰਟੀਫਿਕੇਟ/ਆਰਥਿਕ ਤੌਰ ਤੇ ਕਮਜ਼ੋਰ ਵਰਗ (EWS) ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(V) ਉਮੀਦਵਾਰ ਕਾਉਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦਾ ਪੁਖਤਾ (Valid) ਸਰਟੀਫਿਕੇਟ ਸਬੂਤ ਵੱਜੋਂ ਪੇਸ਼ ਕਰੇਗਾ। ਕਾਉਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

(VI) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਲਈ ਅਜਿਹੀ ਸ਼੍ਰੇਣੀ/ਸ਼੍ਰੇਣੀ ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ, ਉਸ ਸਥਿਤੀ ਵਿੱਚ ਅਜਿਹੇ ਪ੍ਰਾਰਥੀ ਦੀ ਪਾਤਰਤਾ ਮੁੱਢ ਤੋਂ ਹੀ ਰੱਦ ਮੰਨੀ ਜਾਵੇਗੀ।

**ਨੋਟ :-**

(I) ਸਾਬਕਾ ਫੌਜੀ (ਜਨਰਲ, ਐਸ.ਸੀ. ਅਤੇ ਬੀ.ਸੀ.) ਕੈਟਾਗਰੀ ਦੀਆਂ ਅਸਾਮੀਆਂ ਸਾਬਕਾ ਫੌਜੀ (ਖੁਦ) ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ। ਸਾਬਕਾ ਫੌਜੀ (ਖੁਦ) ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀਆਂ ਸਾਬਕਾ ਫੌਜੀ (ਆਸ਼ਰਿਤ) ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।

(II) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ **08/05/2020** ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜੀ ਖੁਦ ਜਾਂ ਸਾਬਕਾ ਫੌਜੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਵੇਗੀ **:-**

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

"Provided further that when an ex-serviceman is not available for recruitment against a reserved vacancy and further no wife or dependent child of an Ex-serviceman is vailable for recruitment against a reserved vacancy, such shall be reserved to be filled in by recruitment of the grand child of a Gallantry Award Winner, in case the benefit of reservation has not been vailed of by any of the children or dependents of such winner or by the winner himself subject to the conditions specified in the second proviso."

**11. ਫੀਸ ਸਬੰਧੀ ਵੇਰਵਾ:-**

| | | |
|---|---|---|
| ਆਮ ਵਰਗ (GEN)/ਸੁਤੰਤਰਤਾ ਸੰਗਰਾਮੀ/ਖਿਡਾਰੀ | - | 1000/- ਰੁ: |
| ਐਸ.ਸੀ.(SC)/ਬੀ.ਸੀ.(BC)/ਆਰਥਿਕ ਤੌਰ ਤੇ ਕਮਜੋਰ ਵਰਗ (EWS) | - | 250/- ਰੁ: |
| ਸਾਬਕਾ ਫੌਜੀ ਅਤੇ ਆਸ਼ਰਿਤ (Ex-servicemen Self & Dependent) | - | 200/- ਰੁ: |
| ਦਿਵਿਆਂਗ (Physical Handicapped) | - | 500/- ਰੁ: |

**ਨੋਟ:- ਉਮੀਦਵਾਰ ਦੁਆਰਾ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਏਗੀ।**

**12. ਚੋਣ ਵਿਧੀ:-**

(I) ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਉਮੀਦਵਾਰਾਂ ਦੀ Objective Type {Multiple Choice Question (MCQ)} ਲਿਖਤੀ ਪ੍ਰੀਖਿਆ ਲਈ ਜਾਏਗੀ।

(II) ਉਪਰੋਕਤ ਦਰਸਾਈਆਂ ਅਸਾਮੀਆਂ ਵਾਸਤੇ ਵਿਚਾਰੇ ਜਾਣ ਲਈ ਹਰ ਸ਼੍ਰੇਣੀ ਦੇ ਉਮੀਦਵਰਾਂ ਲਈ Objective Type (MCQ)ਲਿਖਤੀ ਪ੍ਰੀਖਿਆ ਵਿੱਚੋਂ ਘੱਟ ਤੋਂ ਘੱਟ 40% (40 ਪ੍ਰਤੀਸ਼ਤ) ਅੰਕ ਪ੍ਰਾਪਤ ਕਰਨੇ ਜ਼ਰੂਰੀ ਹਨ। ਲਿਖਤੀ ਪ੍ਰੀਖਿਆ ਵਿੱਚ 40% (40 ਪ੍ਰਤੀਸ਼ਤ) ਅੰਕਾਂ ਤੋਂ ਘੱਟ ਅੰਕ ਪ੍ਰਾਪਤ ਕਰਨ ਵਾਲੇ ਉਮੀਦਵਾਰਾਂ ਨੂੰ ਫੇਲ ਮੰਨਿਆ ਜਾਵੇਗਾ।

(III) ਲਿਖਤੀ ਪ੍ਰੀਖਿਆ ਵਿੱਚ ਪਾਸ ਉਮੀਦਵਾਰਾਂ (ਘੱਟ ਤੋਂ ਘੱਟ 40% (40 ਪ੍ਰਤੀਸ਼ਤ) ਅੰਕ ਪ੍ਰਾਪਤ ਕਰਨ ਵਾਲੇ ਉਮੀਦਵਾਰ) ਵਿਚੋਂ Drawing Skill Test (AutoCAD) ਲਈ ਬੁਲਾਏ ਜਾਣ ਵਾਲੇ ਉਮੀਦਵਾਰਾਂ ਦੀ ਗਿਣਤੀ ਸਬੰਧੀ ਫੈਸਲਾ ਸਮੱਰਥ ਅਥਾਰਟੀ/ਬੋਰਡ ਵੱਲੋਂ ਲਿਆ ਜਾਏਗਾ। ਇਹ ਟੈਸਟ ਕੇਵਲ

Qualifying nature ਦਾ ਹੋਵੇਗਾ। ਇਸ ਸਬੰਧੀ ਹਦਾਇਤਾਂ ਬੋਰਡ ਦੀ ਵੈਬਸਾਈਟ ਤੇ ਬਾਅਦ ਵਿੱਚ ਅਪਲੋਡ ਕੀਤੀਆਂ ਜਾਣਗੀਆਂ।

(IV) ਯੋਗ ਉਮੀਦਵਾਰਾਂ ਦੀ ਚੋਣ ਕਰਨ ਲਈ ਲਿਖਤੀ ਪ੍ਰੀਖਿਆ ਵਿੱਚੋਂ ਪ੍ਰਾਪਤ ਅੰਕਾਂ ਦੇ ਆਧਾਰ ਤੇ ਹੀ ਸਾਂਝੀ ਮੈਰਿਟ ਸੂਚੀ (Common Merit List) ਤਿਆਰ ਕੀਤੀ ਜਾਏਗੀ।

(V) ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿੰਚ ਵੱਧ ਅੰਕ ਹਾਸਿਲ ਕਰਲ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ।

(VI) Drawing Skill Test (AutoCAD) ਵਿੱਚ ਪਾਸ ਉਮੀਦਵਾਰਾਂ ਨੂੰ ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਹੀ ਹਰ ਤਰ੍ਹਾਂ ਦੇ ਦਜਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਕਾਊਂਸਲਿੰਗ ਲਈ ਬੁਲਾਏ ਜਾਣ ਵਾਲੇ ਉਮੀਦਵਾਰਾਂ ਦੀ ਗਿਣਤੀ ਸਬੰਧੀ ਫੈਸਲਾ ਸਮੱਰਥ ਅਥਾਰਟੀ/ਬੋਰਡ ਵੱਲੋਂ ਲਿਆ ਜਾਵੇਗਾ। ਕਾਉਂਸਲਿੰਗ ਉਪਰੰਤ ਯੋਗ ਪਾਏ ਗਏ ਉਮੀਦਵਾਰਾਂ ਦੇ ਨਾਮ, ਵਿਭਾਗਾਂ ਦੀ ਤਰਜੀਹ ਅਤੇ ਅਸਾਮੀਆਂ ਦੀ ਉਸ ਸਮੇਂ ਦੀ ਮੌਜੂਦਾ ਗਿਣਤੀ (ਜੋ ਕਿ ਸਬੰਧਤ ਵਿਭਾਗ ਦੇ ਹੁਕਮਾਂ/ਹਦਾਇਤਾਂ ਅਨੁਸਾਰ ਭਰਤੀ ਪ੍ਰਕੀਰੀਆ ਦੌਰਾਨ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ) ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤੇ ਜਾਣਗੇ।

(VII) ਕਾਉਂਸਲਿੰਗ ਲਈ ਬੁਲਾਏ ਗਏ ਉਮੀਦਵਾਰਾਂ ਨੂੰ ਉਨ੍ਹਾਂ ਦੀ ਯੋਗਤਾ/ਪਾਤਰਤਾ ਤੇ ਆਧਾਰ ਤੇ ਬਿਨੈ ਕਰਨ ਵਾਲੀ ਸ਼੍ਰੇਣੀ/ਅਸਾਮੀ ਕੋਡ ਵਿੱਚ ਹੀ ਵਿਚਾਰਿਆ ਜਾਵੇਗਾ।

**13. ਲਿਖਤੀ ਪ੍ਰੀਖਿਆ ਅਤੇ Drawing Skill Test (AutoCAD) :-**

ਹਰ ਪੱਖੋਂ ਮੁਕੰਮਲ ਆਨਲਾਈਨ ਐਪਲੀਕੇਸ਼ਨ ਫਾਰਮ ਪ੍ਰਾਪਤ ਹੋਣ ਤੋਂ ਬਾਅਦ ਉਮੀਦਵਾਰਾਂ ਨੂੰ ਲਿਖਤੀ ਪ੍ਰੀਖਿਆ/ Drawing Skil Test (AutoCAD) ਲਈ ਬੋਰਡ ਦੀ ਵੈੱਬਸਾਈਟ ਤੇ ਹੀ Online Admit Card ਜਾਰੀ ਕੀਤੇ ਜਾਣਗੇ। ਲਿਖਤੀ ਪ੍ਰੀਖਿਆ/ Drawing Skil Test (AutoCAD) ਦਾ ਸੰਭਾਵਤ ਸਿਲੇਬਸ, ਪੈਟਰਨ ਅਤੇ ਪ੍ਰੀਖਿਆ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ ਅਤੇ ਪ੍ਰੀਖਿਆ ਕੇਂਦਰ ਆਦਿ ਸਿਰਫ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਹੀ ਅਪਲੋਡ (upload) ਕੀਤੇ ਜਾਣਗੇ। ਇਸ ਕਰਕੇ ਉਮੀਦਵਾਰਾਂ ਵਲੋਂ (Latest updates) ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣ ਹੋਵੇਗਾ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ-ਵਿਹਾਰ ਨਹੀਂ ਕੀਤਾ ਜਾਵੇਗਾ।

**14. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:**

ਹੇਠ ਲਿਖੀ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ:

(I) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣਾ,

(II) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(III) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰਕੀਰਿਆ ਮੁਕੰਮਲ ਨਾ ਕਰਨਾ,

(IV) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,

(V) ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,

(VI) ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਆਨਲਾਈਨ ਬਿਨੈ ਕਰਨ ਦੀ ਪ੍ਰਕੀਰਿਆ ਦੀ ਥਾਂ ਕਿਸੇ ਹੋਰ ਪ੍ਰਕੀਰਿਆ ਰਾਹੀਂ ਬਿਨੈ ਕਰਨਾ।

(VII) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣ/ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸ ਕੈਟਾਗਰੀ ਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ।

**15. ਅਪਲਾਈ ਕਰਨ ਦੀ ਵਿਧੀ:**

(i) ਉਮੀਦਵਾਰ ਬੋਰਡ ਦੀ ਵੈੱਬਸਾਈਟ *https://sssb.punjab.gov.in* ਤੇ ਮੁਹੱਈਆ ਲਿੰਕ ਤੇ ਕਲਿਕ ਕਰਕੇ ਮਿਤੀ 21**-05-2022 ਤੋਂ 21-06-2022 (ਸ਼ਾਮ 5.00 ਵਜੇ)** ਤੱਕ ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜ਼ੀ ਰੱਦ ਸਮਝੀ ਜਾਵੇਗੀ।

(ii) ਉਮੀਦਵਾਰ ਆਨਲਾਈਨ ਅਪਲਾਈ ਕਰਦੇ ਸਮੇਂ ਸਭ ਤੋਂ ਪਹਿਲਾਂ ਅਪਲਾਈ ਕਰਨ ਦੀਆਂ ਹਦਾਇਤਾਂ ਨੂੰ ਧਿਆਨਪੂਰਵਕ ਪੜਦੇ ਹੋਏ ਆਪਣੀ ਨਿੱਜੀ ਜਾਣਕਾਰੀ ਰਜਿਸਟਰੇਸ਼ਨ ਨੰਬਰ ਆਨਲਾਈਨ ਐਪਲੀਕੇਸ਼ਨ ਫਾਰਮ ਫਾਰਮ ਵਿੱਚ ਭਰ ਕੇ save ਕਰਨਗੇ, ਜਿਸ ਨਾਲ ਰਜਿਸਟਰੇਸ਼ਨ ਨੰਬਰ ਜਨਰੇਟ ਹੋ ਜਾਵੇਗਾ। ਇਸ ਉਪਰੰਤ ਉਮੀਦਾਵਰ ਆਪਣੀ ਪਾਸਪੋਰਟ ਸਾਈਜ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੀ ਵਿਦਿਅਕ ਯੋਗਤਾ ਜਿਵੇਂ ਕਿ ਗ੍ਰੇਜੂਏਸ਼ਨ, ਮੈਟ੍ਰਿਕ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ (ਜੇਕਰ ਲੋੜੀਂਦਾ ਹੋਵੇ) ਅਤੇ ਕੈਟਾਗਰੀ ਆਦਿ ਨਾਲ ਸਬੰਧਤ ਸਰਟੀਫਿਕੇਟ ਸਕੈਨ ਕਰਕੇ ਅਪਲੋਡ ਕਰਨਗੇ। ਇਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਉਪਰੰਤ ਆਨਲਾਈਨ ਫਾਰਮ ਸਬਮਿਟ (submit) ਕਰਨ ਤੋਂ ਪਹਿਲਾਂ ਉਮੀਦਵਾਰ ਕਿਸੇ ਵੀ ਤਰ੍ਹਾਂ ਦੀ ਸੋਧ (ਨਾਂ, ਪਿਤਾ ਦਾ ਨਾਂ, ਜਨਮ ਮਿਤੀ ਅਤੇ ਕੈਟਾਗਰੀ ਨੂੰ ਛੱਡ ਕੇ) ਆਨਲਾਈਨ ਐਪਲੀਕੇਸ਼ਨ ਫਾਰਮ ਵਿੱਚ ਕਰ ਸਕਦੇ ਹਨ। ਇੱਕ ਵਾਰ ਆਨਲਾਈਨ ਐਪਲੀਕੇਸ਼ਨ ਫਾਰਮ ਸਬਮਿਟ ਹੋ ਜਾਣ ਉਪਰੰਤ ਉਮੀਦਵਾਰ ਉਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕਰ ਸਕੇਗਾ। ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(iii) ਆਨਲਾਈਨ ਐਪਲੀਕੇਸ਼ਨ ਫਾਰਮ ਦੇ ਸਫਲਤਾਪੂਰਵਕ ਸਬਮਿਟ ਹੋ ਜਾਣ ਉਪਰੰਤ ਉਮੀਦਵਾਰ ਕੰਮ-ਕਾਜ ਵਾਲੇ ਤੀਸਰੇ ਦਿਨ ਫੀਸ ਦਾ ਭੁਗਤਾਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਫੀਸ ਭਰਨ ਦੀ ਆਖਰੀ ਮਿਤੀ 24.06.2022 ਤੱਕ ਕਰਵਾ ਸਕਦੇ ਹਨ। ਉਮੀਦਵਾਰ ਲੋੜੀਂਦੀ ਫੀਸ ਦਾ ਭੁਗਤਾਨ Net Banking, Credit Card, Debit Card, Rupay Card, Phone Pay, Google Pay, Paytm, Bank Challan ਆਦਿ ਕਿਸੇ ਵੀ mode ਰਾਹੀਂ ਕਰ ਸਕਦੇ ਹਨ। ਜੇਕਰ ਕਿਸੇ ਕਾਰਨ ਉਮੀਦਵਾਰ ਦੀ ਆਨਲਾਈਨ ਫੀਸ ਜਮ੍ਹਾਂ ਨਹੀਂ ਹੋ ਪਾਂਦੀ ਹੈ ਤਾਂ ਉਸਦੀ ਅਰਜੀ ਰੱਦ ਸਮਝੀ ਜਾਵੇਗੀ।

(iv) ਅਪਲਾਈ ਕਰਨ ਦੀ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਉਪਰੰਤ ਹੀ online ਅਪਲਾਈ ਕਰਨ ਦਾ ਪ੍ਰੋਸੈਸ ਪੂਰਾ ਹੋ ਸਕੇਗਾ ਅਤੇ ਇਸ ਉਪਰੰਤ ਹੀ online application form ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣਗੇ।

(v) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਵੇਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(vi) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (Valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਵੇਗਾ।

**16. ਬਿਨੈਕਾਰਾਂ ਦੇ ਧਿਆਨ ਹਿਤ ਜ਼ਰੂਰੀ ਹਦਾਇਤਾਂ:**

(I) ਉਮੀਦਵਾਰ ਕੈਟਾਗਰੀ ਅਤੇ ਕੈਟਾਗਰੀ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਭਰਨ ਕਿਉਂਕਿ ਫਾਰਮ ਭਰਨ ਉਪਰੰਤ ਕਿਸੇ ਵੀ ਸਟੇਜ ਤੇ ਕੈਟਾਗਰੀ ਅਤੇ ਕੈਟਾਗਰੀ ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(II) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜਿੰਮੇਵਾਰ ਹੋਵੇਗਾ। ਉਮੀਦਵਾਰ ਵੱਲੋਂ ਇੱਕ ਵਾਰ ਸਬਮਿਟ ਕੀਤਾ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(III) ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇੰਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਨਾ ਲਵੇ। ਜੇਕਰ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਲੈਣ ਦੀ ਸਥਿਤੀ ਵਿੱਚ ਕੋਈ ਗਲਤੀ ਹੋ ਜਾਂਦੀ ਹੈ ਤਾਂ ਫਾਰਮ ਵਿੱਚ ਕੋਈ ਸੋਧ ਨਹੀਂ ਕੀਤੀ ਜਾਵੇਗੀ।

(IV) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ।

(V) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Card, ਪ੍ਰੀਖਿਆ ਕੇਂਦਰ ਦੀ ਜਾਣਕਾਰੀ, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਅਤੇ ਵਿਅਕਤੀਗਤ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਏਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(VI) ਉਮੀਦਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ/ ਤਕਨੀਕੀ ਯੋਗਤਾ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਰਸਤਾਵੇਜ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦੇ ਹੋਣੇ ਚਾਹੀਦੇ ਹਨ।

(VII) ਲਿਖਤੀ ਪ੍ਰੀਖਿਆ/ ਡਰਾਇੰਗ ਸਕਿਲ ਟੈਸਟ ਅਤੇ ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(VIII) ਉਪਰੋਕਤ ਦਰਸਾਈਆਂ ਅਸਾਮੀਆਂ ਦੀਆਂ ਸ਼ਰਤਾਂ/ਨਿਯਮ/ਰਾਖਵਾਂਕਰਨ ਸਬੰਧਤ ਵਿਭਾਗਾਂ ਦੁਆਰਾ ਮੁਹੱਈਆ ਕਰਵਾਈ ਗਈ ਸੂਚਨਾ/ਜਾਣਕਾਰੀ ਤੇ ਅਧਾਰਿਤ ਹਨ। ਇਸ ਸਬੰਧੀ ਹਰ ਤਰ੍ਹਾਂ ਦੀ ਜਿੰਮੇਵਾਰੀ ਸਬੰਧਤ ਵਿਭਾਗਾਂ ਦੀ ਹੋਵੇਗੀ।

(IX) ਇਸ ਭਰਤੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਅਧਿਕਾਰ ਬੋਰਡ ਪਾਸ ਰਾਖਵਾਂ ਹੋਵੇਗਾ ਅਤੇ ਕਿਸੇ ਵੀ ਮਾਮਲੇ/ਵਿਸ਼ੇ ਸਬੰਧੀ ਬੋਰਡ ਦੁਆਰਾ ਗਠਿਤ ਕੀਤੀ ਕਮੇਟੀ ਦਾ ਫੈਸਲਾ ਅੰਤਿਮ ਅਤੇ ਸਾਰੇ ਉਮੀਦਵਾਰਾਂ ਤੇ ਲਾਗੂ ਹੋਵੇਗਾ।

(X) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ 10.00 am ਤੋਂ 04-00 pm ਤੱਕ ਬੋਰਡ ਦੇ ਦਫਤਰੀ ਫੋਨ ਨੰ: 0172-2298000 (ਐਕਸਟੈਂਸਨ 5106 ਅਤੇ 5107) ਤੇ ਸੰਪਰਕ ਕੀਤਾ ਜਾ ਸਕਦਾ ਹੈ।

(XI) Online Apply ਕਰਨ ਸਬੰਧੀ ਕੋਈ ਮੁਸ਼ਕਲ ਹੋਣ ਤੇ ਮੇਲ ਆਈ.ਡੀ. helpsssb2209@gmail.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(XII) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

ਸਹੀ/-

ਸਥਾਨ : ਐਸ.ਏ.ਐਸ. ਨਗਰ
ਮਿਤੀ : 20.05.2022

ਚੇਅਰਮੈਨ
ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ